# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ,ਪੰਜਾਬ
# ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

ਐਸ.ਸੀ.ਓ.ਨੰ:104-106, ਦੂਜੀ ਅਤੇ ਤੀਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ।

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)
ਪੰਜਾਬ।

ਮੀਮੋ ਨੰ:ਸਸਅ/ਐਮਸੀ/2010/70073-93
ਮਿਤੀ,ਚੰਡੀਗੜ੍ਹ 16-11-2010

ਵਿਸ਼ਾ :- ਪੰਜਾਬ ਦੇ ਸਕੂਲ ਮੁੱਖੀਆਂ ਦੀ ਬੋਰਡ ਪ੍ਰੀਖਿਆ ਵਿੱਚ ਟੀਚੇ ਨਿਰਧਾਰਿਤ ਕਰਨ ਸਬੰਧੀ ਮੀਟਿੰਗ।

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਆਪ ਦੇ ਧਿਆਨ ਵਿੱਚ ਲਿਆਂਦਾ ਜਾ ਰਿਹਾ ਹੈ ਕਿ ਸਕੂਲਾਂ ਵਿੱਚ ਗੁਣਾਤਮਕ ਸਿੱਖਿਆ ਦੇਣ ਦੀ ਕੜੀ ਵਿੱਚ ਮਿਤੀ 22-11-2010 ਨੂੰ ਪੰਜਾਬ ਦੇ ਸਾਰੇ ਸਰਕਾਰੀ ਸੀਨੀਅਰ ਸੈਕੰਡਰੀ/ਹਾਈ ਸਕੂਲਾਂ ਜਿੰਨਾ ਦਾ ਮੁੱਖ ਵਿਸ਼ਿਆਂ ਦਾ ਸਟਾਫ਼ ਲਗਭਗ ਪੂਰਾ ਹੈ (ਸੂਚੀ ਅਨੁਲਗ 'ੳ' ਤੇ ਹੈ) ਦੇ ਮੁਖੀਆਂ ਦੀ ਮੀਟਿੰਗ, ਪੰਜਾਬ ਸਕੂਲ ਸਿੱਖਿਆ ਬੋਰਡ ਦੇ ਆਡੀਟੋਰੀਅਮ ਹਾਲ ਵਿਖੇ ਕਰਵਾਈ ਜਾ ਰਹੀ ਹੈ।ਮੀਟਿੰਗ ਵਿੱਚ ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ, ਸਮੂਹ ਗਣਿਤ ਜ਼ਿਲ੍ਹਾ ਕੋਆਰਡੀਨੇਟਰਜ਼ ਅਤੇ ਸਮੂਹ ਅੰਗਰੇਜ਼ੀ ਜ਼ਿਲ੍ਹਾ ਕੋਆਰਡੀਨੇਟਰਜ਼ ਨੂੰ ਵੀ ਬੁਲਾਇਆ ਜਾ ਰਿਹਾ ਹੈ। ਇਸ ਮੀਟਿੰਗ ਦਾ ਮੁੱਖ ਏਜੰਡਾ ਬੋਰਡ ਦੀ ਪ੍ਰੀਖਿਆ ਵਿੱਚ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਵੱਲ ਧਿਆਨ ਦਿੰਦੇ ਹੋਏ, ਚੰਗੇ ਨਤੀਜੇ ਲਿਆਉਣ ਲਈ ਟੀਚਾ ਨਿਰਧਾਰਿਤ ਕਰਨਾ ਅਤੇ ਵਿਚਾਰ ਵਟਾਂਦਰਾ ਕਰਨਾ ਹੈ।

3.0 ਆਪ ਨੂੰ ਲਿਖਿਆ ਜਾਂਦਾ ਹੈ ਕਿ ਆਪ ਦੇ ਜ਼ਿਲ੍ਹੇ ਦੇ ਸਬੰਧਤ ਸਕੂਲ ਮੁੱਖੀ, ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ, ਸਮੂਹ ਜ਼ਿਲ੍ਹਾ ਗਣਿਤ ਕੋਆਰਡੀਨੇਟਰਜ਼ ਅਤੇ ਸਮੂਹ ਜ਼ਿਲ੍ਹਾ ਅੰਗਰੇਜ਼ੀ ਕੋਆਰਡੀਨੇਟਰਜ਼ ਨੂੰ ਮਿਤੀ 22-11-2010 ਨੂੰ ਠੀਕ 10:00 ਵਜੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਆਡੀਟੋਰੀਅਮ ਹਾਲ ਵਿੱਚ ਪਹੁੰਚਣ ਲਈ ਸੂਚਿਤ ਕਰ ਦਿੱਤਾ ਜਾਵੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ, ਚੰਡੀਗੜ੍ਹ

ਪਿਠਅੰਕਣ ਨੰ: ਸਸਅ/ਐਮਸੀ/2010/70094 ਮਿਤੀ,ਚੰਡੀਗੜ੍ਹ 16-11-2010
ਉਪਰੋਕਤ ਦਾ ਉਤਾਰਾ ਡੀ.ਐਮ.(ਐਮ.ਆਈ.ਐਸ.) ਨੂੰ ਵੈੱਬ-ਸਾਈਟ ਤੇ ਪਾਉਣ ਲਈ ਭੇਜਿਆ ਜਾਂਦਾ ਹੈ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ, ਚੰਡੀਗੜ੍ਹ

ਨੱਥੀ/ 1.ਸਕੂਲ ਮੁਖੀਆਂ ਦੀ ਸੂਚੀ (ਅਨੁਲਗ 'ੳ') ਤੇ ਹੈ।